# ਪੰਜਾਬ ਸਕੂਲ ਸਿੱਖਿਆ ਬੋਰਡ

## ਪ੍ਰੈਸ ਨੋਟ

## (ਦਸਵੀਂ ਪੱਧਰ ਦੀ ਪੰਜਾਬੀ ਵਾਧੂ ਵਿਸ਼ੇ ਦੀ ਪ੍ਰੀਖਿਆ ਲੈਣ ਸਬੰਧੀ)

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2018-19 ਦੂਜੀ ਤਿਮਾਹੀ ਦੀ ਪ੍ਰੀਖਿਆ ਲੈਣ ਲਈ ਮਿਤੀ 26-07-2018 ਅਤੇ 27-07-2018 ਨਿਸ਼ਚਿਤ ਕੀਤੀ ਗਈ ਹੈ। ਪੰਜਾਬੀ ਏ ਦੀ ਪ੍ਰੀਖਿਆ ਮਿਤੀ 26-07-2018 ਅਤੇ ਪੰਜਾਬੀ ਬੀ ਦੀ ਪ੍ਰੀਖਿਆ ਮਿਤੀ 27-07-2018 ਨੂੰ ਹੋਵੇਗੀ। ਪ੍ਰੀਖਿਆ ਫਾਰਮ ਬੋਰਡ ਦੀ ਵੈਬਸਾਈਟ ਤੇ ਮਿਤੀ 02-07-2018 ਤੋਂ ਉਪਲਬੱਧ ਹੋਣਗੇ। ਆਨਲਾਈਨ ਪ੍ਰੀਖਿਆ ਫਾਰਮ ਹਰ ਪੱਖੋਂ ਮੁਕੰਮਲ ਕਰਨ ਉਪਰੰਤ ਮਿਤੀ 17-07-2018 ਤੱਕ ਫਾਰਮ ਸੈਕਸ਼ਨ, ਪ੍ਰੀਖਿਆ-ਦਸਵੀਂ, ਮੁੱਖ ਦਫਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਐਸ.ਏ.ਐਸ.ਨਗਰ ਵਿਖੇ ਪ੍ਰਾਪਤ ਕੀਤੇ ਜਾਣਗੇ। ਰੋਲ ਨੰਬਰ ਬੋਰਡ ਦੀ ਵੈਬਸਾਈਟ ਤੇ ਮਿਤੀ 23-07-2018 ਤੋਂ ਉਪਲਬੱਧ ਹੋਣਗੇ। ਪ੍ਰੀਖਿਆ ਫਾਰਮ ਜਮ੍ਹਾਂ ਕਰਵਾਉਣ ਸਮੇਂ ਪ੍ਰੀਖਿਆਰਥੀ ਆਪਣੇ ਮੈਟ੍ਰਿਕ ਪਾਸ ਦੇ ਅਸਲ ਸਰਟੀਫਿਕੇਟ, ਫੋਟੋ ਪਹਿਚਾਣ ਪੱਤਰ ਅਤੇ ਉਹਨਾਂ ਦੀਆਂ ਤਸਦੀਕਸ਼ੁਦਾ ਫੋਟੋਕਾਪੀਆਂ ਨਾਲ ਲੈ ਕੇ ਆਉਣ। ਪ੍ਰੀਖਿਆ ਫਾਰਮ ਅਤੇ ਹੋਰ ਜਾਣਕਾਰੀ ਲਈ ਬੋਰਡ ਦੀ ਵੈਬਸਾਈਟ www.pseb.ac.in ਵੇਖੀ ਜਾਵੇ।

ਸਕੱਤਰ